**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।
ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3818 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੋਰਵ ਗੋਇਲ, ਡੀ.ਈ.ਓ.(7355229505)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਨਾ ਲਈ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਪੀ.ਆਈ.ਓ. ਦੇ ਵੱਡੇ ਭਰਾ ਆਕਾਲ ਚਲਾਨਾ ਕਰ ਗਏ ਹਨ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਅਗਲੀ ਤਾਰੀਖ ਦਿੱਤੀ ਜਾਵੇ। ਇਸ ਸਬੰਧ ਵਿਚ ਪੀ.ਆਈ.ਓ. ਵਲੋਂ ਪੱਤਰ ਨੰ: 4602/ਆਰ.ਟੀ.ਏ./ਬਠਿੰਡਾ ਮਿਤੀ 4-2-2020 ਈ.ਮੇਲ ਰਾਹੀਂ ਪ੍ਰਾਪਤ ਹੋਇਆ ਜਿਸ ਰਾਹੀਂ ਉਕਤ ਕਥਨ ਦੀ ਪੁਸਟੀ ਕੀਤੀ ਗਈ। ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੋਰਵ ਗੋਇਲ, ਡੀ.ਈ.ਓ. ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 5078/2020 ਮਿਤੀ 16-3-2020 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕਤ ਪੱਤਰ ਮਿਤੀ 16-3-2020 ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 468/ਏਡੀ.ਟੀ.ਟੀ./ਆਰ.ਟੀ.ਏ./ਬੀਟੀ.ਆਈ. ਮਿਤੀ 7-8-2019 ਰਾਹੀਂ ਸੂਚਨਾ ਦਿੱਤੀ ਜਾ ਚੁੱਕੀ ਹੈ, ਲਿਆਂਗੀ ਗਈ ਸੂਚਨਾ ਸਵਿਕਾਰ ਨਹੀਂ ਕੀਤੀ ਜਾ ਸਕਦੀ ਕਿਉਂਜੋ ਇਸ ਵਿਚ ਕੋਈ ਸੂਚਨਾ ਨਹੀਂ ਦਿਤੀ ਗਈ ਬਲਕਿ ਸਟਾਫ ਦੀ ਘਾਟ ਦਸੀ ਗਈ ਹੈ। ਇਸ ਲਈ ਹਾਜ਼ਰ ਨੁਮਾਇੰਦੇ ਨੂੰ ਸਮਝਾ ਦਿੱਤਾ ਗਿਆ ਹੈ ਕਿ ਮੰਗੀ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ **ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 23-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 17 ਮਾਰਚ, 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ.

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3820 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸ਼ਿਅਲ ਅਤੇ ਨਾਨ ਕਮਰਸ਼ਿਅਲ ਵਾਹਨਾ ਲਈ ਟਰੈਕ ਤੇ ਡਰਾਈਵ ਟੈਸਟ ਅਤੇ ਡਰਾਈਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ। ਉੱਤਰਦਾਤਾ ਵਲੋਂ ਹਾਜਰ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਵੇਰਵੇ ਸਹਿਤ ਨੰਬਰਵਾਇਜ਼ ਉੱਤਰ ਦਿੱਤਾ ਜਾਵੇ।ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ

5. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾ ਕੇ ਕਮਿਸਨ ਨੂੰ ਸੂਚਿਤ ਕੀਤਾ ਜਾਵ ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 17 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**